# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 21 -10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਭਾਰਤ ਆਲਮੀ ਭਵਿੱਖ ਨੂੰ ਆਕਾਰ ਦੇਣ ਵਿੱਚ, ਮੋਹਰੀ ਭੂਮਿਕਾ ਨਿਭਾ ਰਿਹਾ ਏ ।
- ਉਡਾਨ ਯੋਜਨਾ ਦੇ 8 ਸਾਲ ਪੂਰੇ- ਪ੍ਰਧਾਨ ਮੰਤਰੀ ਨੇ ਕਿਹਾ- ਇਸ ਯੋਜਨਾ ਨੇ ਭਾਰਤ ਦੇ ਹਵਾਬਾਜ਼ੀ ਖੇਤਰ ਦਾ ਦ੍ਰਿਸ਼ ਬਦਲ ਦਿੱਤਾ ਏ।
- ਪੁਲਿਸ ਯਾਦਗਾਰੀ ਦਿਵਸ ਮੌਕੇ ਪੰਜਾਬ ਸਮੇਤ ਦੇਸ਼ ਭਰ, ਵਿਚ ਸ਼ਹੀਦਾਂ ਨੂੰ ਯਾਦ ਕੀਤਾ ਗਿਆ ।
- ਪੰਜਾਬ ਪੁਲਿਸ ਵਲੋਂ ਸਿਵਲ ਪ੍ਰਸ਼ਾਸਨ ਨਾਲ ਮਿਲ ਕੇ, ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਮੁਹਿੰਮ ਦੀ ਸ਼ੁਰੂਆਤ।
- 41ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿਚ ਅੱਜ ਭਾਰਤੀ ਰੇਲਵੇ ਦਿੱਲੀ ਨੇ ਸੀ.ਆਰ.ਪੀ.ਐਫ ਦਿੱਲੀ

ਨੂੰ 4-2 ਨਾਲ ਅਤੇ ਇੰਡੀਅਨ ਆਇਲ ਮੁੰਬਈ ਨੇ ਬੀ.ਐਸ.ਐਫ ਜਲੰਧਰ ਨੂੰ 5-4 ਨਾਲ ਹਰਾਇਆ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ, ਆਲਮੀ ਭਵਿੱਖ ਨੂੰ ਆਕਾਰ ਦੇਣ ਵਿੱਚ ਮੋਹਰੀ ਭੂਮਿਕਾ ਨਿਭਾ ਰਿਹਾ ਏ। ਉਨ੍ਹਾਂ ਕਿਹਾ ਕਿ ਦੇਸ਼, ਹਰ ਖੇਤਰ ਵਿੱਚ ਬੇਮਿਸਾਲ ਤਰੱਕੀ ਕਰ ਰਿਹਾ ਏ। ਇੱਕ ਨਿੱਜੀ ਮੀਡੀਆ ਆਉਟਲੈਟ ਵਲੋਂ ਕਰਵਾਏ ਗਏ, ਵਿਸ਼ਵ ਸੰਮੇਲਨ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਜਿੱਥੇ ਦੁਨੀਆ AI ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਵਜੋਂ ਮਾਨਤਾ ਦਿੰਦੀ ਏ, ਭਾਰਤ ਕੋਲ ਦੂਜਾ AI-'ਅਸਪੀਰੇਸ਼ਨਲ ਇੰਡੀਆ' ਏ।BYTE: ਉਨ੍ਹਾਂ ਕਿਹਾ ਕਿ ਜਦੋਂ ਵਿਸ਼ਵ ਅਨਿਸ਼ਚਿਤਤਾ ਵਿੱਚ ਘਿਰਿਆ ਹੋਇਆ ਸੀ ਤਾਂ ਭਾਰਤ, ਉਮੀਦ ਦੀ ਇੱਕ ਕਿਰਨ ਬਣ ਕੇ ਉਭਰਿਆ। ਕੋਵਿਡ-19, ਆਲਮੀਅਰਥ-ਵਿਵਸਥਾ, ਮਹਿੰਗਾਈ, ਬੇਰੁਜ਼ਗਾਰੀ, ਜਲਵਾਯੂ ਤਬਦੀਲੀ ਅਤੇ ਜੰਗ ਵਰਗੇ ਮੁੱਦਿਆਂ ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਵਿਸ਼ਵ-ਵਿਆਪੀ ਹਾਲਾਤ, ਭਾਰਤ ਨੂੰ ਵੀ ਪ੍ਰਭਾਵਿਤ ਕਰਦੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ NDA ਸਰਕਾਰ ਦੇ ਤੀਜੇ ਕਾਰਜਕਾਲ ਦੇ ਸਿਰਫ਼ 125 ਦਿਨਾਂ ਵਿੱਚ 8 ਹਵਾਈ ਅੱਡਿਆਂ ਦੀ ਉਸਾਰੀ ਸ਼ੁਰੂ ਹੋ ਚੁਕੀ ਏ, 5 ਲੱਖ ਘਰਾਂ 'ਚ ਛੱਤਾਂ 'ਤੇ ਸੋਲਰ ਪਲਾਂਟ ਲਗਾਏ ਗਏ ਨੇ

ਅਤੇ 90 ਕਰੋੜ ਤੋਂ ਵੱਧ ਰੁੱਖ ਵੀ ਲਗਾਏ ਗਏ ਨੇ। ਸ੍ਰੀ ਮੋਦੀ ਨੇ ਜ਼ਿਕਰ ਕੀਤਾ ਕਿ ਇਨ੍ਹਾਂ 125 ਦਿਨਾਂ ਦੌਰਾਨ, ਦੇਸ਼ ਦਾ ਵਿਦੇਸ਼ੀ ਮੁਦਰਾ ਭੰਡਾਰ 700 ਅਰਬ ਡਾਲਰ ਤੋਂ ਵੱਧ ਹੋ ਗਿਆ ਏ। ਸ੍ਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ, ਸਿਰਫ਼ ਘਟਨਾਵਾਂ ਦੀ ਸੂਚੀ ਨਹੀਂ ਸਗੋਂ ਭਾਰਤ ਨਾਲ ਜੁੜੀਆਂ ਉਮੀਦਾਂ ਦੀ ਸੂਚੀ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਕਿ ਸਰਕਾਰ ਦੀ ਉਡਾਨ (ਉਡੇ ਦੇਸ਼ ਕਾ ਆਮ ਨਾਗਰਿਕ) ਯੋਜਨਾ ਨੇ ਭਾਰਤ ਦੇ ਹਵਾਬਾਜ਼ੀ ਖੇਤਰ ਦੀ ਨੁਹਾਰ ਬਦਲ ਦਿੱਤੀ ਏ। ਉਡਾਨ ਯੋਜਨਾ ਦੀ 8ਵੀਂ ਵਰ੍ਹੇਗੰਢ ਦੇ ਮੌਕੇ, ਪ੍ਰਧਾਨ ਮੰਤਰੀ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ ਕਿਹਾ ਕਿ ਇਸ ਯੋਜਨਾ ਨੇ, ਹਵਾਈ ਅੱਡਿਆਂ ਅਤੇ ਹਵਾਈ ਮਾਰਗਾਂ ਦੀ ਗਿਣਤੀ ਵਿੱਚ ਵਾਧੇ ਦੇ ਨਾਲ, ਕਰੋੜਾਂ ਲੋਕਾਂ ਲਈ ਹਵਾਈ ਸਫ਼ਰ ਨੂੰ ਸੰਭਵ ਬਣਾਇਆ ਏ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਵਪਾਰ ਅਤੇ ਵਣਜ ਅਤੇ ਖੇਤਰੀ ਵਿਕਾਸ 'ਤੇ ਬਹੁਤ ਵੱਡਾ ਪ੍ਰਭਾਵ ਪਿਆ ਏ। ਸ੍ਰੀ ਮੋਦੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ, ਸਰਕਾਰ ਲੋਕਾਂ ਲਈ ਬਿਹਤਰ ਸੰਪਰਕ ਅਤੇ ਸਹੂਲਤ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਹਵਾਬਾਜ਼ੀ ਖੇਤਰ ਨੂੰ ਮਜ਼ਬੂਤ ਕਰਨਾ ਜਾਰੀ ਰੱਖੇਗੀ।

-----------------------------------------------------------------

ਅੱਜ ਪੁਲਿਸ ਯਾਦਗਾਰੀ ਦਿਵਸ ਮਨਾਇਆ ਗਿਆ। ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ । ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਦੇ ਪੁਲਿਸ ਕਰਮਚਾਰੀਆਂ ਦੀ ਬਹਾਦਰੀ ਅਤੇ ਕੁਰਬਾਨੀ ਦਾ ਸਨਮਾਨ ਕੀਤਾ । ਸੋਸ਼ਲ ਮੀਡੀਆ 'ਤੇ ਇਕ ਪੋਸਟ ਰਾਹੀਂ, ਉਨ੍ਹਾਂ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਉਨ੍ਹਾਂ ਦੇ ਅਟੁੱਟ ਸਮਰਪਣ ਦੀ ਸ਼ਲਾਘਾ ਕੀਤੀ।

ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਗ੍ਰਹਿ ਮੰਤਰੀ ਨੇ ਕਿਹਾ ਕਿ ਇਹ ਮੌਕਾ, ਦੇਸ਼ ਨੂੰ ਸੁਰੱਖਿਅਤ ਰੱਖਣ ਲਈ ਪੁਲਿਸ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਵਲੋਂ ਦਿੱਤੀਆਂ ਗਈਆਂ ਬੇਮਿਸਾਲ ਕੁਰਬਾਨੀਆਂ ਦਾ ਸਨਮਾਨ ਕਰਦਾ ਏ। ਅਮਿਤ ਸ਼ਾਹ ਨੇ ਅੱਜ ਸਵੇਰੇ ਨਵੀਂ ਦਿੱਲੀ ਵਿੱਚ ਕੌਮੀ ਪੁਲਿਸ ਯਾਦਗਾਰ 'ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ।BYTE ਆਪਣੇ ਸੰਬੋਧਨ ਵਿਚ ਅਮਿਤ ਸ਼ਾਹ ਨੇ ਕਿਹਾ ਕਿ 36 ਹਜ਼ਾਰ 468 ਪੁਲਿਸ ਮੁਲਾਜ਼ਮਾਂ ਨੇ ਡਿਊਟੀ ਦੌਰਾਨ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਨੇ। ਉਨ੍ਹਾਂ ਕਿਹਾ ਕਿ ਪਿਛਲੇ ਇੱਕ ਸਾਲ ਵਿੱਚ 216 ਪੁਲਿਸ ਮੁਲਾਜ਼ਮਾਂ ਨੇ ਆਪਣੀ ਕੁਰਬਾਨੀ ਦਿੱਤੀ ਏ। ਗ੍ਰਹਿ ਮੰਤਰੀ ਨੇ ਕਿਹਾ, ਪਿਛਲੇ ਇੱਕ ਦਹਾਕੇ ਵਿੱਚ ਬਹਾਦਰ ਜਵਾਨਾਂ ਦੇ

ਉਪਰਾਲਿਆਂ ਸਦਕਾ ਜੰਮੂ-ਕਸ਼ਮੀਰ, ਉੱਤਰ-ਪੂਰਬ ਅਤੇ ਖੱਬੇ ਪੱਖੀ ਕੱਟੜਵਾਦ ਤੋਂ ਪ੍ਰਭਾਵਿਤ ਖੇਤਰਾਂ ਵਿੱਚ ਸ਼ਾਂਤੀ ਬਹਾਲ ਹੋਈ ਏ। ਗ੍ਰਿਹ ਮੰਤਰੀ ਨੇ ਕਿਹਾ ਕਿ ਮੋਦੀ ਸਰਕਾਰ, ਪੁਲਿਸ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਸਿਹਤ, ਰਿਹਾਇਸ਼ ਅਤੇ ਵਜ਼ੀਫ਼ਿਆਂ ਨਾਲ ਜੁੜੀਆਂ ਕਈ ਯੋਜਨਾਵਾਂ ਚਲਾ ਰਹੀ ਏ। ਉਨ੍ਹਾਂ ਕਿਹਾ ਕਿ ਦੇਸ਼ ਦੇ ਸਾਰੇ ਪੁਲਿਸ ਮੁਲਾਜ਼ਮ, ਪ੍ਰਧਾਨ ਮੰਤਰੀ ਮੋਦੀ ਦੇ 2047 ਤੱਕ ਭਾਰਤ ਨੂੰ, ਵਿਕਸਤ ਰਾਸ਼ਟਰ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਵਚਨਬੱਧ ਨੇ।-- ------------------------------------------------------------

ਪੁਲਿਸ ਯਾਦਗਾਰੀ ਦਿਹਾੜੇ ਦਾ ਸੂਬਾ ਪੱਧਰੀ ਸਮਾਗਮ, ਜਲੰਧਰ ਦੇ PAP ਗ੍ਰਾਊਂਡ ਵਿਖੇ ਕਰਵਾਇਆ ਗਿਆ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਅਸੀਂ ਬਹਾਦਰ ਪੁਲਿਸ ਸ਼ਹੀਦਾਂ - ਸਾਡੇ ਭਰਾਵਾਂ ਅਤੇ ਭੈਣਾਂ ਨੂੰ ਕਰਦੇ ਆ, ਜਿਨ੍ਹਾਂ ਨੇ ਖ਼ਤਰੇ ਦਾ ਸਾਹਮਣਾ ਕੀਤਾ ਅਤੇ ਸਾਡੇ ਦੇਸ਼ ਦੀ ਰੱਖਿਆ ਲਈ ਆਪਣੀ ਕੁਰਬਾਨੀ ਦਿੱਤੀ। DGP ਨੇ ਕਿਹਾ ਕਿ ਉਨ੍ਹਾਂ ਦੀ ਬਹਾਦਰੀ ਸਾਡੀ ਵਚਨਬੱਧਤਾ ਨੂੰ ਵਧਾਉਂਦੀ ਏ ਤੇ ਸਾਨੂੰ ਯਾਦ ਦਿਵਾਉਂਦੀ ਏ ਕਿ ਜਦੋਂ ਸਾਡੇ ਲੋਕਾਂ ਦੀ ਸੁਰੱਖਿਆ ਦੀ ਗੱਲ ਆਉਂਦੀ ਏ ਤਾਂ ਕੋਈ ਵੀ ਚੁਣੌਤੀ ਬਹੁਤ ਵੱਡੀ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਸ਼ਹੀਦ

ਪਰਿਵਾਰਾਂ ਦੀ ਦੇਖ-ਭਾਲ ਕਰਨ ਲਈ ਸਾਡਾ ਫਰਜ਼ ਬਣਦਾ ਏ ਅਤੇ ਪੰਜਾਬ ਪੁਲਿਸ ਇਸ ਲਈ ਵਚਨਬੱਧ ਏ।

---------------------------------------------------------------

ਬੀ.ਐਸ.ਐਫ ਪੰਜਾਬ ਫਰੰਟੀਅਰ ਹੈੱਡ-ਕੁਆਰਟਰ ਦੇ IG ਡਾ. ਅਤੁਲ ਫੁਲਝੇਲੇ ਨੇ, ਸ਼ਹੀਦ ਸਮਾਰਕ ਵਿਖੇ ਪੁਲਿਸ ਯਾਦਗਾਰੀ ਦਿਹਾੜੇ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ । ਇਸ ਮੌਕੇ ਬੀ.ਐਸ.ਐਫ ਅਧਿਕਾਰੀ ਅਤੇ ਜਵਾਨ ਵੀ ਮੌਜੂਦ ਰਹੇ। ਉਨ੍ਹਾਂ ਦੇਸ਼ ਲਈ ਸਰਵਉੱਚ ਕੁਰਬਾਨੀ ਕਰਨ ਵਾਲੇ ਸ਼ਹੀਦਾਂ ਦੇ ਨਾਂ ਪੜ੍ਹੇ ਅਤੇ ਉਨ੍ਹਾਂ ਦੀ ਯਾਦ ਅਤੇ ਵਿਰਾਸਤ ਨੂੰ ਸਲਾਮ ਕੀਤਾ। ਡਾ. ਅਤੁਲ ਫੁਲਝੇਲੇ ਨੇ ਕਿਹਾ ਕਿ ਉਨ੍ਹਾਂ ਦੀ ਹਿੰਮਤ, ਸਮਰਪਣ ਅਤੇ ਨਿਰਸਵਾਰਥ ਭਾਵਨਾ ਸਾਨੂੰ ਇੱਕ ਸੁਰੱਖਿਅਤ ਰਾਸ਼ਟਰ ਅਤੇ ਇੱਕ ਬਿਹਤਰ ਸਮਾਜ ਬਣਾਉਣ ਲਈ ਹਮੇਸ਼ਾ ਪ੍ਰੇਰਿਤ ਕਰਦੀ ਰਹੇਗੀ।

---------------------------------------------------------------

ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਦੱਸਿਆ ਕਿ ਪਰਾਲੀ ਸਾੜਨ 'ਤੇ ਮੁਕੰਮਲ ਰੋਕ ਨੂੰ ਯਕੀਨੀ ਬਣਾਉਣ ਲਈ, ਪੰਜਾਬ ਪੁਲਿਸ ਨੇ ਸਿਵਲ ਪ੍ਰਸ਼ਾਸਨ ਨਾਲ ਮਿਲ ਕੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਇੱਕ

ਵਿਸ਼ਾਲ ਮੁਹਿੰਮ ਸ਼ੁਰੂ ਕੀਤੀ ਏ ਅਤੇ ਪਰਾਲੀ ਨੂੰ ਅੱਗ ਲਗਾਉਣ ਵਾਲੇ ਵਿਅਕਤੀਆਂ ਵਿਰੁੱਧ ਕਾਨੂੰਨੀ ਕਾਰਵਾਈ ਵੀ ਕੀਤੀ ਜਾ ਰਹੀ ਏ । ਪਰਾਲੀ ਸਾੜਨ ਦੇ ਮਾਮਲਿਆਂ ਨੂੰ ਸਿਫ਼ਰ 'ਤੇ ਲਿਆਉਣ ਲਈ ਸੁਪਰੀਮ ਕੋਰਟ ਅਤੇ ਹਵਾ ਗੁਣਵੱਤਾ ਪ੍ਰਬੰਧਨ ਬਾਰੇ ਕਮਿਸ਼ਨ (CAQM) ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਡੀ.ਜੀ.ਪੀ ਗੌਰਵ ਯਾਦਵ ਨੇ ਪਰਾਲੀ ਵਿਰੁੱਧ ਕਾਰਵਾਈ ਦੀ ਨਿਗਰਾਨੀ ਕਰਨ ਲਈ ਅਰਪਿਤ ਸ਼ੁਕਲਾ ਨੂੰ ਪੁਲਿਸ ਨੋਡਲ ਅਫ਼ਸਰ ਨਿਯੁਕਤ ਕੀਤਾ ਸੀ । DGP ਪੰਜਾਬ ਵੱਲੋਂ ਸੂਬੇ ਵਿੱਚ ਪਰਾਲੀ ਸਾੜਨ ਦੇ ਮਾਮਲਿਆਂ ਦੀ ਰੋਜ਼ਾਨਾ ਦੇ ਆਧਾਰ 'ਤੇ ਨਿੱਜੀ ਤੌਰ 'ਤੇ ਸਮੀਖਿਆ ਕਰਨ ਲਈ ਸਾਰੇ ਸੀਨੀਅਰ ਅਧਿਕਾਰੀਆਂ, ਰੇਂਜ ਅਫ਼ਸਰਾਂ, CPs/SSPs ਅਤੇ SHOs ਨਾਲ ਮੀਟਿੰਗਾਂ ਵੀ ਕੀਤੀਆਂ ਜਾ ਰਹੀਆਂ ਹਨ । ਉਨ੍ਹਾਂ ਦੱਸਿਆ ਕਿ ਹੁਣ ਤੱਕ ਸੂਬੇ ਵਿੱਚ ਸੈਟੇਲਾਈਟਾਂ ਰਾਹੀਂ 1393 ਖੇਤਾਂ ਵਿੱਚ ਅੱਗ ਲੱਗਣ ਦਾ ਪਤਾ ਲਗਾਇਆ ਗਿਆ ਏ ਅਤੇ ਸਾਂਝੀ ਟੀਮਾਂ ਨੂੰ ਮੌਕੇ 'ਤੇ ਜਾਂਚ ਲਈ ਭੇਜਿਆ ਗਿਆ, ਜਦਕਿ ਪੁਲਿਸ ਟੀਮਾਂ ਨੇ 874 ਮਾਮਲਿਆਂ ਵਿੱਚ ਮਾਮਲੇ ਦਰਜ ਕੀਤੇ ਨੇ । ਜਦਕਿ 471 ਥਾਵਾਂ ਤੇ ਪਰਾਲੀ ਸਾੜਨ ਦਾ ਕੋਈ ਮਾਮਲਾ ਸਾਹਮਣੇ ਨਹੀਂ ਆਇਆ । ਉਨ੍ਹਾਂ ਦੱਸਿਆ ਕਿ ਐਫ.ਆਈ.ਆਰ ਦਰਜ ਕਰਨ ਤੋਂ ਇਲਾਵਾ 397 ਮਾਮਲਿਆਂ ਵਿੱਚ 10 ਲੱਖ 55 ਹਜ਼ਾਰ ਰੁਪਏ ਦੇ ਜੁਰਮਾਨੇ ਕੀਤੇ ਗਏ ਹਨ ਅਤੇ 394 ਕਿਸਾਨਾਂ ਦੇ ਮਾਲ ਰਿਕਾਰਡ

ਵਿੱਚ ਲਾਲ ਐਂਟਰੀਆਂ ਵੀ ਕੀਤੀਆਂ ਗਈਆਂ ਹਨ। ਅਰਪਿਤ ਸ਼ੁਕਲਾ ਨੇ ਕਿਸਾਨਾਂ ਨੂੰ ਸਹਿਯੋਗ ਦੇਣ ਅਤੇ ਫਸਲਾਂ ਦੀ ਰਹਿੰਦ-ਖੂੰਹਦ 'ਨੂੰ ਅੱਗ ਨਾ ਲਗਾਉਣ ਲਈ ਕਿਹਾ, ਜਿਸ ਨਾਲ ਨਾ ਸਿਰਫ ਵਾਤਾਵਰਣ ਵਿਗੜੇਗਾ ਬਲਕਿ ਬੱਚਿਆਂ ਅਤੇ ਬਜ਼ੁਰਗਾਂ ਦੀ ਸਿਹਤ 'ਤੇ ਵੀ ਮਾੜਾ ਅਸਰ ਪਵੇਗਾ।

--------------------------------------------------------------

ਭਾਰਤੀ ਰੇਲਵੇ ਵਿੱਚ ਮੁਸਾਫ਼ਰਾਂ ਨੂੰ ਡਿਜੀਟਾਈਜੇਸ਼ਨ ਦੀ ਸਹੂਲਤ ਦਿੱਤੀ ਜਾ ਰਹੀ ਏ। QR ਕੋਡ ਤਕਨੀਕ ਰਾਹੀਂ ਨਕਦੀ ਰਹਿਤ ਲੈਣ-ਦੇਣ ਦੀ ਸਹੂਲਤ ਵਧਾਈ ਜਾ ਰਹੀ ਏ। ਇਸ ਲੜੀ ਵਿੱਚ ਉੱਤਰੀ ਰੇਲਵੇ ਦੇ ਫ਼ਿਰੋਜ਼ਪੁਰ ਡਵੀਜ਼ਨ ਵਿੱਚ QR ਕੋਡ ਡਿਸਪਲੇ ਮਸ਼ੀਨ ਰਾਹੀਂ, ਡਿਜੀਟਲ ਅਦਾਇਗੀ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਏ। ਰੇਲਵੇ ਮੁਸਾਫ਼ਰਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ, ਡਿਜੀਟਲ ਅਦਾਇਗੀ ਨੂੰ ਉਤਸ਼ਾਹਿਤ ਕਰਨ ਲਈ, ਰਿਜ਼ਰਵ, ਅਨ-ਰਿਜ਼ਰਵਡ ਟਿਕਟ ਕਾਊਂਟਰਾਂ 'ਤੇ QR ਕੋਡ ਡਿਸਪਲੇ ਮਸ਼ੀਨਾਂ ਲਗਾਈਆਂ ਗਈਆਂ ਨੇ। QR ਕੋਡ ਡਿਵਾਈਸ ਰਾਹੀਂ ਨਕਦ ਲੈਣ-ਦੇਣ, ਆਸਾਨ, ਸੁਰੱਖਿਅਤ ਅਤੇ ਪਾਰਦਰਸ਼ੀ ਏ। ਮੁਸਾਫ਼ਰਾਂ ਨੂੰ ਟਿਕਟ ਕਾਊਂਟਰਾਂ 'ਤੇ ਟਿਕਟਾਂ ਖਰੀਦਣ ਲਈ ਖੁਲ੍ਹੇ ਪੈਸੇ ਲਿਆਉਣ ਦੀ ਪਰੇਸ਼ਾਨੀ ਤੋਂ ਛੁਟਕਾਰਾ

ਮਿਲੇਗਾ, ਉਹ, UPI ਰਾਹੀਂ ਡਿਜੀਟਲ ਅਦਾਇਗੀ ਕਰਕੇ ਆਸਾਨੀ ਨਾਲ ਆਪਣੀਆਂ ਟਿਕਟਾਂ ਖਰੀਦ ਸਕਦੇ ਨੇ। QR ਕੋਡ ਨੂੰ ਚੁਣ ਕੇ, ਮੁਸਾਫ਼ਰ ਇਸ ਨੂੰ ਆਪਣੇ ਮੋਬਾਈਲ ਤੋਂ ਸਕੈਨ ਕਰ ਸਕਦੇ ਨੇ ਅਤੇ ਟਿਕਟ ਦੀ ਅਸਲ ਕੀਮਤ ਦੀ ਅਦਾਇਗੀ ਕਰ ਸਕਦੇ ਹਨ। ਫ਼ਿਰੋਜ਼ਪੁਰ ਡਵੀਜ਼ਨ ਵਿੱਚ ਇਸ ਮੁਹਿੰਮ ਤਹਿਤ ਹੁਣ ਤੱਕ 39 ਰੇਲਵੇ ਸਟੇਸ਼ਨਾਂ ਦੇ ਮੁਸਾਫ਼ਰ ਰਿਜ਼ਰਵੇਸ਼ਨ ਸਿਸਟਮ ਕਾਊਂਟਰਾਂ ਅਤੇ 20 ਰੇਲਵੇ ਸਟੇਸ਼ਨਾਂ ਦੇ ਯੂ.ਟੀ.ਐਸ ਅਨਰਿਜ਼ਰਵਡ ਟਿਕਟਿੰਗ ਸਿਸਟਮ ਕਾਊਂਟਰਾਂ ’ਤੇ ਡਿਜੀਟਲ ਅਦਾਇਗੀ ਲਈ ਕਿਊ.ਆਰ ਕੋਡ ਡਿਸਪਲੇਅ ਮਸ਼ੀਨਾਂ ਲਗਾਈਆਂ ਗਈਆਂ ਨੇ । ਫ਼ਿਰੋਜ਼ਪੁਰ ਡਵੀਜ਼ਨ ਦੇ ਫ਼ਿਰੋਜ਼ਪੁਰ ਕੈਂਟ, ਲੁਧਿਆਣਾ, ਅੰਮ੍ਰਿਤਸਰ, ਜਲੰਧਰਸ਼ਹਿਰ, ਜਲੰਧਰਕੈਂਟ, ਬਿਆਸ, ਪਠਾਨਕੋਟ ਜੰਕਸ਼ਨ, ਪਠਾਨਕੋਟ ਕੈਂਟ, ਜੰਮੂ ਤਵੀ, ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ, ਸ੍ਰੀਨਗਰ ਰੇਲਵੇ ਸਟੇਸ਼ਨਾਂ 'ਤੇ ਕਿਊ.ਆਰ ਕੋਡ ਯੰਤਰ ਲਗਾਏ ਗਏ ਨੇ। ਫ਼ਿਰੋਜ਼ਪੁਰ ਡਵੀਜ਼ਨ ਵੱਲੋਂ ਸਾਰੇ ਰੇਲਵੇ ਸਟੇਸ਼ਨਾਂ ਦੇ ਟਿਕਟ ਕਾਊਂਟਰਾਂ 'ਤੇ QR ਕੋਡ ਡਿਸਪਲੇਅ ਮਸ਼ੀਨਾਂ ਲਗਾਉਣ ਦੀ ਪ੍ਰਕਿਰਿਆ ਤੇਜ਼ੀ ਨਾਲ ਚੱਲ ਰਹੀ ਏ।

---------------------------------------------------------

ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰਾਲੇ ਦੇ ਕਪੂਰਥਲਾ

ਸਥਿਤ, ਸਰਦਾਰ ਸਵਰਨ ਸਿੰਘ ਨੈਸ਼ਨਲ ਇੰਸਟੀਚਿਊਟ ਆਫ਼ ਬਾਇਓ-ਐਨਰਜੀ ਵਲੋਂ ਭਾਰਤੀ ਬਾਇਓਗੈਸ ਐਸੋਸੀਏਸ਼ਨ ਦੇ ਨਾਲ ਸਾਂਝੇ ਤੌਰ 'ਤੇ, ਬਾਇਓਗੈਸ ਟੈਕਨਾਲੋਜੀ ਅਤੇ ਇਸ ਨੂੰ ਲਾਗੂ ਕਰਨ ਲਈ, ਇੱਕ ਰਾਸ਼ਟਰੀ ਸਿਖਲਾਈ ਪ੍ਰੋਗਰਾਮ ਅੱਜ ਤੋਂ ਸ਼ੁਰੂ ਕੀਤਾ ਗਿਆ, ਜੋ ਕਿ 25 ਅਕਤੂਬਰ ਤੱਕ ਚਲੇਗਾ। ਪ੍ਰੋਗਰਾਮ ਦਾ ਉਦਘਾਟਨ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਆਦਰਸ਼ ਪਾਲ ਵਿਗ ਨੇ ਕੀਤਾ। ਇਸ ਮੌਕੇ ਓਹਨਾ ਨਾਲ ਇੰਸਟੀਚਿਊਟ ਦੇ ਡਾਇਰੈਕਟਰ ਜਨਰਲ ਡਾ.ਜੀ.ਸ੍ਰੀਧਰ ਵੀ ਮੌਜੂਦ ਰਹੇ । ਇਸ ਪੰਜ ਦਿਨਾਂ ਸਿਖਲਾਈ ਪ੍ਰੋਗਰਾਮ ਵਿੱਚ ਕਈ ਢੁਕਵੇਂ ਵਿਸ਼ਿਆਂ 'ਤੇ ਸੈਸ਼ਨ ਹੋਣਗੇ। ਇਸ ਵਿੱਚ ਉਦਯੋਗਾਂ, ਉੱਦਮੀਆਂ, ਸਰਕਾਰੀ ਅਧਿਕਾਰੀਆਂ, ਸਿੱਖਿਆ ਸ਼ਾਸਤਰੀਆਂ ਅਤੇ ਖੋਜਕਰਤਾਵਾਂ ਸਮੇਤ ਦੇਸ਼ ਭਰ ਦੇ 70 ਤੋਂ ਵੱਧ ਭਾਗੀਦਾਰ ਨੇ। ਪ੍ਰੋਫੈਸਰ ਵਿਗ ਨੇ ਕਿਹਾ ਕਿ ਹਰ ਕੂੜਾ ਇੱਕ ਸਰੋਤ ਏ। ਉਨਾ ਜ਼ੋਰ ਦਿੱਤਾ ਕਿ ਜੈਵ ਊਰਜਾ ਖੇਤੀਬਾੜੀ ਦੀ ਰਹਿੰਦ-ਖੂੰਹਦ ਅਤੇ ਪਸ਼ੂਆਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਇੱਕ ਉਪਯੋਗੀ ਐਕਸ-ਸੀਟੂ ਮਾਰਗ ਹੈ ਅਤੇ ਉਦਯੋਗਾਂ ਨੂੰ ਆਪਣੇ ਸੈਕਟਰ ਦੀ ਸਫਲਤਾ ਲਈ ਆਪਣੇ ਪ੍ਰੋਜੈਕਟਾਂ ਵਿੱਚ ਵਾਤਾਵਰਣ ਦੀ ਸ਼ੁੱਧਤਾ ਦੀ ਪਾਲਣਾ ਦਾ ਧਿਆਨ ਰੱਖਣਾ ਚਾਹੀਦਾ ਏ। ਡਾ. ਸ੍ਰੀਧਰ ਨੇ ਆਪਣੇ ਸੰਬੋਧਨ ਵਿੱਚ ਆਧੁਨਿਕ ਜੈਵ ਊਰਜਾ ਮਾਰਗਾਂ ਨੂੰ

ਸਫ਼ਲਤਾਪੂਰਵਕ ਲਾਗੂ ਕਰਨ ਲਈ ਜੈਵ ਊਰਜਾ ਸੈਕਟਰ ਵਿੱਚ ਨਵੀਨਤਾ ਦੀ ਲੋੜ ਨੂੰ ਉਜਾਗਰ ਕੀਤਾ। ਉਨ੍ਹਾਂ ਇਹ ਵੀ ਦੱਸਿਆ ਕਿ ਨੈਸ਼ਨਲ ਇੰਸਟੀਚਿਊਟ ਆਫ਼ ਬਾਇਓ-ਐਨਰਜੀ ਨੇ ਖੇਤੀ ਰਹਿੰਦ-ਖੂੰਹਦ ਅਤੇ 2G ਈਥਾਨੋਲ ਤੋਂ ਬਾਇਓਗੈਸ 'ਤੇ ਕਈ ਤਕਨੀਕਾਂ ਵਿਕਸਤ ਕੀਤੀਆਂ ਨੇ। ਓਹਨਾ ਕਿਹਾ ਕੇ ਇਸ ਖੋਜ ਅਤੇ ਵਿਕਾਸ ਸੰਸਥਾ ਨੂੰ ਇਸ ਖੇਤਰ ਵਿੱਚ ਉਦਯੋਗਾਂ ਨੂੰ ਦਰਪੇਸ਼ ਚੁਣੌਤੀਆਂ ਲਈ ਤਕਨੀਕੀ ਤੌਰ 'ਤੇ ਸਹਾਇਤਾ ਕਰਨ ਵਿੱਚ ਖੁਸ਼ੀ ਹੋਵੇਗੀ। ਇਸ ਮੌਕੇ ਇੰਡੀਅਨ ਬਾਇਓਗੈਸ ਐਸੋਸੀਏਸ਼ਨ ਦੇ ਚੇਅਰਮੈਨ ਗੌਰਵ ਕੇਡੀਆ ਅਤੇ ਵਿਗਿਆਨੀ ਅਤੇ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ: ਸਚਿਨ ਕੁਮਾਰ ਸਮੇਤ ਹੋਰ ਪਤਵੰਤੇ ਵੀ ਸ਼ਾਮਿਲ ਹੋਏ।

---------------------------------------------------------

41ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿਚ ਅੱਜ ਭਾਰਤੀ ਰੇਲਵੇ ਦਿੱਲੀ ਨੇ ਸੀ.ਆਰ.ਪੀ.ਐਫ ਦਿੱਲੀ ਨੂੰ 4-2 ਨਾਲ ਅਤੇ ਇੰਡੀਅਨ ਆਇਲ ਮੁੰਬਈ ਨੇ ਬੀ.ਐਸ.ਐਫ ਜਲੰਧਰ ਨੂੰ 5-4 ਨਾਲ ਹਰਾਇਆ। ਸਾਬਕਾ ਜੇਤੂ ਭਾਰਤੀ ਰੇਲਵੇ ਨੇ ਸੀ.ਆਰ.ਪੀ.ਐਫ ਨੂੰ 4-2 ਦੇ ਫਰਕ ਨਾਲ ਹਰਾ ਕੇ 41ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਲੀਗ ਦੌਰ ਵਿੱਚ ਤਿੰਨ ਅੰਕ ਹਾਸਲ ਕਰਕੇ ਜੇਤੂ

ਸ਼ੁਰੂਆਤ ਕੀਤੀ। ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਚਲ ਰਹੇ ਟੂਰਨਾਮੈਂਟ ਦੇ ਤੀਜੇ ਦਿਨ ਲੀਗ ਦੌਰ ਦੇ ਦੋ ਮੈਚ ਖੇਡੇ ਗਏ। ਦੂਜੇ ਮੈਚ ਵਿੱਚ ਇੰਡੀਅਨ ਆਇਲ ਮੁੰਬਈ ਨੇ ਬੀ.ਐਸ.ਐਫ ਜਲੰਧਰ ਨੂੰ 5-4 ਦੇ ਫਰਕ ਨਾਲ ਹਰਾਇਆ। ਕਲ 22 ਅਕਤੂਬਰ ਨੂੰ ਖੇਡੇ ਜਾਣ ਵਾਲੇ ਮੈਚਾਂ ਵਿਚ ਭਾਰਤ ਪੈਟਰੋਲੀਅਮ ਦਾ ਮੁਕਾਬਲਾ ਆਰ.ਸੀ.ਐਫ ਕਪੂਰਥਲਾ ਸਵਾ 2 ਵਜੇ ਅਤੇ ਆਰਮੀ ਇਲੈਵਨ ਦਿੱਲੀ ਦਾ ਮੁਕਾਬਲਾ ਭਾਰਤੀ ਨੇਵੀ ਮੁੰਬਈ ਨਾਲ ਸ਼ਾਮ 4 ਵਜੇ ਹੋਵੇਗਾ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ- ਭਾਰਤ ਆਲਮੀ ਭਵਿੱਖ ਨੂੰ ਆਕਾਰ ਦੇਣ ਵਿੱਚ, ਮੋਹਰੀ ਭੂਮਿਕਾ ਨਿਭਾ ਰਿਹਾ ਏ।
- ਉਡਾਨ ਯੋਜਨਾ ਦੇ 8 ਸਾਲ ਪੂਰੇ- ਪ੍ਰਧਾਨ ਮੰਤਰੀ ਨੇ ਕਿਹਾ- ਇਸ ਯੋਜਨਾ ਨੇ ਭਾਰਤ ਦੇ ਹਵਾਬਾਜ਼ੀ ਖੇਤਰ ਦਾ ਦ੍ਰਿਸ਼ ਬਦਲ ਦਿੱਤਾ ਏ।
- ਪੁਲਿਸ ਯਾਦਗਾਰੀ ਦਿਵਸ ਮੌਕੇ ਪੰਜਾਬ ਸਮੇਤ ਦੇਸ਼ ਭਰ, ਵਿਚ ਸ਼ਹੀਦਾਂ ਨੂੰ ਯਾਦ ਕੀਤਾ ਗਿਆ।

- ਪੰਜਾਬ ਪੁਲਿਸ ਵਲੋਂ ਸਿਵਲ ਪ੍ਰਸ਼ਾਸਨ ਨਾਲ ਮਿਲ ਕੇ, ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਮੁਹਿੰਮ ਦੀ ਸ਼ੁਰੂਆਤ।
- 41ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿਚ ਅੱਜ ਭਾਰਤੀ ਰੇਲਵੇ ਦਿੱਲੀ ਨੇ ਸੀ.ਆਰ.ਪੀ.ਐਫ ਦਿੱਲੀ ਨੂੰ 4-2 ਨਾਲ ਅਤੇ ਇੰਡੀਅਨ ਆਇਲ ਮੁੰਬਈ ਨੇ ਬੀ.ਐਸ.ਐਫ ਜਲੰਧਰ ਨੂੰ 5-4 ਨਾਲ ਹਰਾਇਆ।